# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 26-03-2025**

ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਅੱਜ ਵਿਧਾਨ ਸਭਾ ਵਿੱਚ ਸਰਕਾਰ ਦਾ ਮਾਲੀ ਵਰ੍ਹੇ 2025-26 ਲਈ ਚੌਥਾ ਬਜਟ ਪੇਸ਼ ਕੀਤਾ । 2 ਲੱਖ 36 ਹਜ਼ਾਰ 80 ਕਰੋੜ ਰੁਪਏ ਦਾ ਬਜਟ ਪੇਸ਼ ਕਰਦਿਆਂ ਵਿੱਤ ਮੰਤਰੀ ਨੇ ਇਸ ਨੂੰ ਬਦਲਦੇ ਪੰਜਾਬ ਦਾ ਬਜਟ ਕਿਹਾ। ਇਹ ਤਜਵੀਜ਼ ਰੱਖਦਿਆਂ ਉਹਨਾਂ ਕਿਹਾ ਕਿ ਪ੍ਰਭਾਵੀ ਮਾਲੀਆ ਘਾਟਾ 2.51 ਫੀਸਦ ਅਤੇ ਵਿੱਤੀ ਘਾਟਾ 3.84 ਫੀਸਦ ਹੋਣ ਦੀ ਉਮੀਦ ਏ ਜਿਸ ਵਿੱਚ ਪਿਛਲੇ ਅੰਕੜਿਆਂ ਨਾਲੋਂ ਸੁਧਾਰ ਹੋਇਆ ਏ। ਉਹਨਾਂ ਕਿਹਾ ਕਿ ਬੀਤੇ ਤਿੰਨ ਸਾਲਾਂ ਤੋਂ ਟੈਕਸ ਮਾਲੀਏ ਵਿੱਚ ਨਿਰੰਤਰ ਵਾਧੇ ਨਾਲ ਇਸ ਸਾਲ ਫਰਵਰੀ ਤੱਕ 14 ਫੀਸ ਦਾ ਡਬਲ ਡਿਜਿਟ (ਦੋ ਅੰਕਾਂ ਦਾ) ਵਾਧਾ ਹਾਸਿਲ ਕੀਤਾ ਏ । ਇਸ ਬਜਟ ਵਿੱਚ ਖੇਤੀਬਾੜੀ ਅਤੇ ਸਹਾਇਕ ਖੇਤਰਾਂ ਲਈ 14 ਹਜ਼ਾਰ 524 ਕਰੋੜ ਰੁਪਏ ਰੱਖੇ ਗਏ ਨੇ ਜੋ ਬੀਤੇ ਸਾਲ ਨਾਲੋਂ 5 ਫੀਸਦੀ ਵੱਧ ਏ। ਫਸਲੀ ਵਿਭਿੰਨਤਾ ਨੂੰ ਉਤਸਾਹਿਤ ਕਰਨ ਲਈ 115 ਕਰੋੜ ਰੁਪਏ ਰਾਖਵੇਂ ਕੀਤੇ ਗਏ ਨੇ ਜਿਸ ਨਾਲ ਕਿਸਾਨਾਂ ਨੂੰ ਸਾਉਣੀ ਮੱਕੀ ਦੀ ਕਾਸ਼ਤ ਵੱਲ ਜਾਣ ਲਈ 17 ਹਜ਼ਾਰ

500 ਰੁਪਏ ਪ੍ਰਤੀ ਹੈਕਟੇਅਰ ਦੀ ਸਬਸਿਡੀ ਮਿਲੇਗੀ ਜਿਸ ਨਾਲ ਕੁੱਲ 30 ਹਜ਼ਾਰ ਕਿਸਾਨਾਂ ਨੂੰ ਲਾਭ ਹੋਵੇਗਾ। ਵਿੱਤ ਮੰਤਰੀ ਨੇ ਕਿਹਾ ਕਿ ਸੂਬੇ ਦੇ ਕਿਸਾਨਾਂ ਦੀ ਸਹਾਇਤਾ ਲਈ ਖੇਤੀਬਾੜੀ ਸੈਕਟਰ ਨੂੰ ਬਿਜਲੀ ਸਬਸਿਡੀ ਪ੍ਰਦਾਨ ਕਰਨ ਲਈ ਵਿੱਤੀ ਵਰ੍ਹੇ 2025-26 ਦੇ ਬਜਟ ਵਿੱਚ 9 ਹਜ਼ਾਰ 992 ਕਰੋੜ ਰੁਪਏ ਰਾਖਵੇਂ ਕੀਤੇ ਗਏ ਨੇ। ਉਨ੍ਹਾਂ ਫਸਲੀ ਰਹਿੰਦ ਖੂਹੰਦ ਪ੍ਰਬੰਧਨ ਨੂੰ ਉਤਸ਼ਾਹਿਤ ਕਰਨ ਦੀ ਕਿਸਾਨਾਂ, ਸਹਿਕਾਰੀ ਸਭਾਵਾਂ ਅਤੇ ਗ੍ਰਾਮ ਪੰਚਾਇਤਾਂ ਦੀ ਸਹਾਇਤਾ ਲਈ 500 ਕਰੋੜ ਰੁਪਏ ਰਾਖਵੇਂ ਕੀਤੇ ਗਏ ਨੇ। ਵਿੱਤ ਮੰਤਰੀ ਨੇ ਘਰੇਲੂ ਬਿਜਲੀ ਖਪਤਕਾਰਾਂ ਨੂੰ ਪ੍ਰਤੀ ਮਹੀਨਾ 300 ਯੂਨਿਟ ਮੁਫਤ ਬਿਜਲੀ ਪ੍ਰਦਾਨ ਕਰਨ ਲਈ 7 ਹਜ਼ਾ 614 ਕਰੋੜ ਰੁਪਏ ਦੀ ਬਜਟ ਲਾਗਤ ਦੀ ਤਜਵੀਜ਼ ਰੱਖੀ ਗਈ ਏ। ਜਿਨ੍ਹਾਂ ਪੱਟੀਦਰਜ **ਜਾਤਾਂ** ਦੇ ਭੈਣ ਭਰਾਵਾਂ ਨੇ ਪੰਜਾਬ ਅਨੁਸੂਚਿਤ ਜਾਤੀ ਭੂਮੀ ਵਿਕਾਸ ਅਤੇ ਵਿੱਤ ਨਿਗਮ ਤੋਂ ਕਰਜ਼ੇ ਲਈ ਹੋਏ ਨੇ ਅਤੇ ਕੁਝ ਵਾਜਬ ਕਾਰਨਾਂ ਕਰਕੇ ਵਾਪਸ ਨਹੀਂ ਕਰ ਸਕੇ, ਉਹਨਾਂ ਨੂੰ 31 ਮਾਰਚ 2020 ਤੱਕ ਲਏ ਸਾਰੇ ਕਰਜ਼ੇ ਮਾਫ ਕਰਨ ਦਾ ਵੀ ਐਲਾਨ ਕੀਤਾ ਏ। ਵਿੱਤ ਮੰਤਰੀ ਵੱਲੋਂ ਬਜਟ ਪ੍ਰਵਾਨਗੀ ਲਈ ਪੇਸ਼ ਕਰਨ ਤੋਂ ਬਾਅਦ ਸਪੀਕਰ ਕੁਲਤਾਰ ਸਿੰਘ ਸੰਧਵਾਂ ਵੱਲੋਂ ਸਦਨ ਕੱਲ ਤੱਕ ਲਈ ਮੁਲਤਵੀ ਕਰ ਦਿੱਤਾ ਗਿਆ ਏ।

---------------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਨੌਜਵਾਨ ਔਰਤਾਂ (ਲੜਕੀਆਂ) ਨੂੰ ਸਿਆਸਤ ਵਿਚ ਫੈਸਲੇ ਲੈਣ ਵਾਲੀ ਪ੍ਰਕਿਰਿਆ ਵਿਚ ਸਰਗਰਮ ਭੂਮਿਕਾ ਨਿਭਾਉਣ ਦਾ ਸੱਦਾ ਦਿੱਤਾ ਏ ਤਾਂ ਜੋ ਸਮਾਜ ਵਿੱਚ ਜ਼ਰੂਰੀ ਅਤੇ ਬਹੁਤ ਲੋੜੀਂਦੇ ਬਦਲਾਅ ਲਿਆਂਦੇ ਜਾ ਸਕਣ। ਕੱਲ੍ਹ ਲੁਧਿਆਣਾ ਵਿੱਚ ਸਰਕਾਰੀ ਕਾਲਜ ਫਾਰ ਗਰਲਜ਼ ਦੇ ਸਾਲਾਨਾ ਕਾਨਵੋਕੇਸ਼ਨ ਸਮਾਰੋਹ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਕੁੜੀਆਂ ਨੇ ਸਿਆਸਤ ਤੋਂ ਇਲਾਵਾ ਹਰ ਖੇਤਰ ਵਿੱਚ ਮੁੰਡਿਆਂ ਨੂੰ ਪਛਾੜ ਦਿੱਤਾ। ਉਨ੍ਹਾਂ ਕਿਹਾ ਕਿ ਸੂਬੇ ਦੇ ਵਡੇਰੇ ਹਿੱਤ ਵਿੱਚ ਇੱਕ ਸਮਾਨਤਾਵਾਦੀ ਸਮਾਜ ਦੀ ਸਿਰਜਣਾ ਲਈ ਇਸ ਖੇਤਰ ਵਿੱਚ ਔਰਤਾਂ ਦੀ ਸ਼ਮੂਲੀਅਤ ਬਹੁਤ ਜ਼ਰੂਰੀ ਏ। ਉਨ੍ਹਾਂ ਔਰਤਾਂ ਨੂੰ ਸੱਦਾ ਦਿੱਤਾ ਕਿ ਉਹ ਆਪਣੀ ਵੋਟ ਦੇ ਅਧਿਕਾਰ ਦੀ ਵਰਤੋਂ ਧਿਆਨ ਨਾਲ ਕਰਨ ਤਾਂ ਜੋ ਰਾਜ ਵਿਧਾਨ ਸਭਾ ਅਤੇ ਸੰਸਦ ਵਿੱਚ ਸਰਫ ਲਾਇਕ ਨੇਤਾਵਾਂ ਨੂੰ ਭੇਜਿਆ ਜਾ ਸਕੇ।

---------------------------------------------------------------------------

ਪੰਜਾਬ ਦੇ ਸਾਰੇ ਜ਼ਿਲ੍ਹਾ ਪੁਲਿਸ ਮੁਖੀਆਂ ਨੂੰ ਸੱਤ ਦਿਨਾਂ ਦੇ ਅੰਦਰ-ਅੰਦਰ ਆਪਣੇ-ਆਪਣੇ ਖੇਤਰਾਂ ਵਿੱਚ ਮੁੱਖ ਨਸ਼ਾ ਸਪਲਾਇਰਾਂ ਅਤੇ ਤਸਕਰਾਂ ਦੀ ਪਛਾਣ ਕਰਨ ਅਤੇ ਉਨ੍ਹਾਂ ਦੀ ਸੂਚੀ ਬਣਾਉਣ ਦੇ ਨਿਰਦੇਸ਼ ਦਿੱਤੇ ਗਏ ਨੇ

। ਇਸ ਦਾ ਉਦੇਸ਼ ਸੂਬੇ ਵਿੱਚ ਨਸ਼ਿਆਂ ਦੇ ਕਾਰੋਬਾਰ ਨੂੰ ਵਧਾਉਣ ਵਾਲੀਆਂ ਸਪਲਾਈ ਚੇਨਾਂ ਨੂੰ ਖਤਮ ਕਰਨਾ ਏ। ਪੰਜਾਬ ਦੇ ਡੀ.ਜੀ.ਪੀ. ਗੌਰਵ ਯਾਦਵ ਨੇ ਸਾਰੇ ਪੁਲਿਸ ਕਮਿਸ਼ਨਰਾਂ ਅਤੇ ਸੀਨੀਅਰ ਪੁਲਿਸ ਸੁਪਰਡੈਂਟਾਂ ਨੂੰ ਇਸ ਦੀ ਨਿੱਜੀ ਤੌਰ 'ਤੇ ਨਿਗਰਾਨੀ ਕਰਨ ਦੇ ਨਿਰਦੇਸ਼ ਦਿੱਤੇ ਨੇ । ਉਨ੍ਹਾਂ ਚਿਤਾਵਨੀ ਦਿੱਤੀ ਏ ਕਿ ਨਸ਼ਿਆਂ ਦੇ ਸਰੋਤਾਂ ਬਾਰੇ ਜਾਣਕਾਰੀ ਦੀ ਘਾਟ ਦੇ ਅਸਪਸ਼ਟ ਦਾਅਵਿਆਂ ਨੂੰ ਗੈਰ-ਪੇਸ਼ੇਵਰ ਮੰਨਿਆ ਜਾਵੇਗਾ। ਇਸ ਦੌਰਾਨ, ਸੂਬਾ ਸਰਕਾਰ ਵੱਲੋਂ ਇਕ ਮਾਰਚ, 2025 ਨੂੰ ਸ਼ੁਰੂ ਕੀਤੀ ਗਈ 'ਯੁੱਧ ਨਾਸ਼ੀਆਂ ਵਿਰੁੱਧ' ਮੁਹਿੰਮ ਦੇ ਨਤੀਜੇ ਵਜੋਂ ਰਾਜ ਭਰ ਵਿੱਚ 3 ਹਜ਼ਾਰ 957 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਏ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ 137 ਕਿਲੋਗ੍ਰਾਮ ਤੋਂ ਵੱਧ ਹੈਰੋਇਨ ਸਮੇਤ ਵੱਡੀ ਮਾਤਰਾ ਵਿੱਚ ਨਸ਼ੀਲੇ ਪਦਾਰਥ ਬਰਾਮਦ ਕੀਤੇ ਗਏ ਨੇ ।

---------------------------------------------------------------------------------

ਪੰਜਾਬ ਸਰਕਾਰ ਸੂਬੇ ਵਿੱਚ ਮਹਿਲਾਵਾਂ ਅਤੇ ਬੱਚਿਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਨਿਰੰਤਰ ਯਤਨ ਕਰ ਰਹੀ ਏ। ਇਸ ਵਚਨਬੱਧਤਾ ਵੱਲ ਇੱਕ ਮਹੱਤਵਪੂਰਨ ਕਦਮ ਚੁੱਕਦੇ ਹੋਏ ਸੂਬਾ ਸਰਕਾਰ ਨੇ ਮਹਿਲਾਵਾਂ ਅਤੇ ਬੱਚਿਆਂ ਦੀ ਸੁਰੱਖਿਆ ਲਈ ਜਾਰੀ ਹੈਲਪ

ਲਾਈਨ ਸੇਵਾਵਾਂ ਨੂੰ ਸੰਚਾਲਿਤ ਅਤੇ ਮਜ਼ਬੂਤ ਕਰਨ ਲਈ 252 ਨਵੀਆਂ ਅਸਾਮੀਆਂ ਦੀ ਸਿਰਜਣਾ ਨੂੰ ਪ੍ਰਵਾਨਗੀ ਦੇ ਦਿੱਤੀ ਏ। ਇਹ ਪ੍ਰਗਟਾਵਾ ਕਰਦਿਆਂ ਸਮਾਜਿਕ ਸੁਰੱਖਿਆ ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ ਬਲਜੀਤ ਕੌਰ ਨੇ ਕਿਹਾ ਕਿ ਵਿਭਾਗ ਵੱਲੋਂ ਤੁਰੰਤ ਸਹਾਇਤਾ ਪ੍ਰਦਾਨ ਕਰਨ ਲਈ 181 ਮਹਿਲਾ ਹੈਲਪ ਲਾਈਨ ਅਤੇ 1098 ਬਾਲ ਹੈਲਪ ਲਾਈਨ ਸਥਾਪਤ ਕੀਤੀਆਂ ਗਈਆਂ ਨੇ। ਇਹਨਾਂ ਹੈਲਪ ਲਾਈਨਾਂ ਨੂੰ ਮਜ਼ਬੂਤ ਕਰਨ ਲਈ ਅਤੇ ਇਹਨਾਂ ਦੀ ਕਾਰਜ ਕੁਸ਼ਲਤਾ ਵਧਾਉਣ ਲਈ, ਸੈਕਟਰ-35, ਚੰਡੀਗੜ੍ਹ ਵਿਖੇ ਇੱਕ ਸਮਰਪਿਤ **24x7** ਕੰਟਰੋਲ ਰੂਮ ਸਥਾਪਤ ਕੀਤਾ ਗਿਆ ਏ। ਇਹ ਕੰਟਰੋਲ ਰੂਮ ਜ਼ਿਲ੍ਹਾ ਪੱਧਰੀ ਅਧਿਕਾਰੀਆਂ ਅਤੇ 112 ਐਮਰਜੈਂਸੀ ਰਿਸਪਾਂਸ ਸਪੋਰਟ ਸਿਸਟਮ (ਈ.ਆਰ.ਐਸ.ਐਸ) ਨਾਲ ਜੁੜਿਆ ਹੋਇਆ ਏ ਤਾਂ ਜੋ ਐਮਰਜੈਂਸੀ ਸਥਿਤੀਆਂ ਵਿੱਚ ਤੇਜ਼ ਅਤੇ ਸਮਾਂਬੱਧ ਸਹਾਇਤਾ ਯਕੀਨੀ ਬਣਾਈ ਜਾ ਸਕੇ।

---

ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਦਸਵੀਂ ਸ਼੍ਰੇਣੀ ਦੇ ਸੰਗੀਤ ਗਾਇਨ ਵਿਸ਼ੇ ਦੀ 12 ਮਾਰਚ ਨੂੰ ਲਈ ਗਈ ਪ੍ਰੀਖਿਆ ਨੂੰ ਤਕਨੀਕੀ ਕਾਰਨਾਂ ਕਰਕੇ ਰੱਦ ਕਰ ਦਿੱਤਾ ਗਿਆ ਏ । ਇਸ ਸੰਬੰਧ ਵਿੱਚ ਬੋਰਡ ਵੱਲੋਂ

ਸਪਸ਼ਟ ਕੀਤਾ ਗਿਆ ਏ ਕਿ ਵਿਸ਼ੇਸ਼ ਲੋੜਾਂ ਵਾਲੇ ਵਿਦਿਆਰਥੀਆਂ ਲਈ ਸੰਗੀਤ ਗਾਇਨ ਵਿਸ਼ੇ ਦੀ ਪ੍ਰੀਖਿਆ ਰੱਦ ਨਹੀਂ ਕੀਤੀ ਗਈ ਏ । ਸਧਾਰਨ ਪ੍ਰੀਖਿਆਰਥੀਆਂ ਦੀ ਰੱਦ ਕੀਤੀ ਗਈ ਪ੍ਰੀਖਿਆ ਦਾ ਮੁੜ ਇਮਤਿਹਾਨ 5 ਅਪ੍ਰੈਲ ਨੂੰ ਪਹਿਲਾਂ ਨਿਰਧਾਰਿਤ ਪ੍ਰੀਖਿਆ ਕੇਂਦਰਾਂ ਵਿੱਚ, ਪਹਿਲਾਂ ਵਾਲੇ ਸਮੇਂ ਅਨੁਸਾਰ ਹੀ ਲਿਆ ਜਾਵੇਗਾ। ਇਨ੍ਹਾਂ ਪ੍ਰੀਖਿਆਵਾਂ ਨਾਲ ਜੁੜੇ ਸਬੰਧਤ ਪ੍ਰੀਖਆਰਥੀ ਲੋੜੀਂਦੀ ਜਾਣਕਾਰੀ ਲਈ ਬੋਰਡ ਦੀ ਅਧਿਕਾਰਿਤ ਵੈੱਬਸਾਈਟ pseb.ac.in ਤੇ ਸੰਪਰਕ ਕਰ ਸਕਦੇ ਨੇ ।